# ਕੋਵਿਡ -19 ਦੇ ਮੱਦੇਨਜ਼ਰ ਸਿਹਤ ਕੇਂਦਰਾਂ 'ਚ ਟੈਲੀਮੇਡਿਸਨ ਸੇਵਾਵਾਂ ਸ਼ੁਰੂ

ਅੰਮ੍ਰਿਤਸਰ, 27 ਅਪ੍ਰੈਲ:--ਕੋਵਿਡ -19 ਮਹਾਮਾਰੀ ਦੇ ਮੱਦੇਨਜ਼ਰ, ਪੰਜਾਬ ਸਰਕਾਰ ਨੇ ਸਿਹਤ ਕੇਂਦਰਾਂ ਵਿੱਚ ਟੈਲੀਮੇਡਿਸਨ ਸੇਵਾਵਾਂ ਦੀ ਸ਼ੁਰੂਆਤ ਕੀਤੀ ਹੈ, ਤਾਂ ਜੋ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਉਹਨਾਂ ਦੇ ਘਰਾਂ ਤੱਕ ਵਿਆਪਕ ਮੁੱਢਲੀਆਂ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਸਬੰਧੀ ਵੇਰਵੇ ਦਿੰਦਿਆਂ ਸਿਵਲ ਸਰਜਨ ਡਾ. ਜੁਗਲ ਕਿਸ਼ੋਰ ਨੇ ਦੱਸਿਆ ਕਿ ਫਿਲਹਾਲ ਜਨਰਲ ਬਿਮਾਰੀਆਂ ਦੀ ਦਵਾਈ ਮੈਡੀਸਨ ਦੇ ਡਾਕਟਰਾਂ ਵੱਲੋਂ ਦਿੱਤੀ ਜਾ ਰਹੀ ਹੈ ਅਤੇ ਛੇਤੀ ਹੀ ਅਗਲੇ ਪੜਾਅ ਵਿਚ ਇਸ ਦਾ ਮੁਲਾਂਕਣ ਕਰਨ ਤੋਂ ਬਾਅਦ ਵਿਸ਼ੇਸ਼ ਬਿਮਾਰੀਆਂ ਦਾ ਇਲਾਜ ਵੀ ਇਸ ਵਿਧੀ ਰਾਹੀਂ ਸ਼ੁਰੂ ਕਰ ਦਿੱਤਾ ਜਾਵੇਗਾ।

ਉਨਾਂ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਕਮਿਊਨਿਟੀ ਸਿਹਤ ਅਧਿਕਾਰੀ ਸਿਹਤ ਕੇਂਦਰਾਂ ਵਿੱਚ ਵੀਡੀਓ ਕਾਲਿੰਗ ਜ਼ਰੀਏ ਹੱਬ ਦੇ ਮੈਡੀਕਲ ਅਧਿਕਾਰੀਆਂ ਨਾਲ ਸੰਪਰਕ ਕਰਦੇ ਹਨ ਅਤੇ ਫਿਰ ਸੀਐਚਓ ਮੈਡੀਕਲ ਅਧਿਕਾਰੀ ਤੋਂ ਈ-ਸੰਜੀਵਨੀ ਐਪ ਰਾਹੀਂ ਪ੍ਰਾਪਤ ਨਿਰਦੇਸ਼ਾਂ ਮੁਤਾਬਕ ਮਰੀਜਾਂ ਨੂੰ ਦਵਾਈਆਂ ਦਿੰਦੇ ਹਨ। ਇਨਾਂ ਕੇਂਦਰਾਂ ਵਿਖੇ ਵਧੀਆ ਸੇਵਾਵਾਂ ਦੇਣ ਲਈ 27 ਜ਼ਰੂਰੀ ਦਵਾਈਆਂ ਅਤੇ 6 ਡਾਇਗਨੋਸਟਿਕ ਟੈਸਟ ਉਪਲਬਧ ਕਰਵਾਏ ਗਏ ਹਨ। ਉਨਾਂ ਅੱਗੇ ਕਿਹਾ ਕਿ ਇਨਾਂ ਕੇਂਦਰਾਂ ਤੋਂ ਲੰਬੀਆਂ ਚੱਲਣ ਵਾਲੀਆਂ ਬਿਮਾਰੀਆਂ ਨਾਲ ਜੂਝ ਰਹੇ ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਦਵਾਈਆਂ ਲੈਣ ਲਈ ਲੰਬੀ ਦੂਰੀ ਤੈਅ ਨਾ ਕਰਨੀ ਪਵੇ।

# ਜ਼ਿਲੇ ਦੀਆਂ ਮੰਡੀਆਂ ਵਿਚੋਂ 72 ਹਜ਼ਾਰ ਮੀਟਰਕ ਟਨ ਕਣਕ ਦੀ ਖਰੀਦ ਕੀਤੀ

ਅੰਮ੍ਰਿਤਸਰ, 27 ਅਪ੍ਰੈਲ (          )-ਹੁਣ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ ਆਈ 72762 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਜਾ ਚੁੱਕੀ ਹੈ, ਜਿਸ ਵਿਚੋਂ ਜ਼ਿਆਦਾਤਰ ਸਰਕਾਰੀ ਏਜੰਸੀਆਂ ਵੱਲੋਂ ਹੀ ਕੀਤੀ ਗਈ ਹੈ। ਜਿਲ•ਾ ਖੁਰਾਕ ਸਪਲਾਈ ਕੰਟਰੋਲਰ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਗਏ ਪ੍ਰਬੰਧਾਂ ਅਨੁਸਾਰ ਮੰਡੀ ਵਿਚ ਕਿਸਾਨਾਂ ਜਾਂ ਮਜ਼ਦੂਰਾਂ ਨੂੰ ਮੁਸ਼ਿਕਲ ਪੇਸ਼ ਨਹੀਂ ਆ ਰਹੀ ਅਤੇ ਨਾ ਹੀ ਆਉਣ ਦਿੱਤੀ ਜਾਵੇਗੀ। ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿਚ 74011 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 72672 ਮੀਟਰਕ ਟਨ ਦੀ ਖਰੀਦ ਸਰਕਾਰੀ ਏਜੰਸੀਆਂ ਦੁਆਰਾ ਕੀਤੀ ਗਈ ਹੈ। ਇਸ ਵਿਚੋਂ ਪਨਗ੍ਰੇਨ ਵੱਲੋਂ 20255 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 16249 ਮੀਟ੍ਰਿਕ ਟਨ, ਪਨਸਪ ਵੱਲੋਂ 12124 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 12657 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ 11477 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 1150 ਮੀਟਰਕ ਟਨ ਕਣਖ ਖਰੀਦੀ ਗਈ ਹੈ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਅੰਮ੍ਰਿਤਸਰ।**

**ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ,ਅੰਮ੍ਰਿਤਸਰ ਵੱਲੋਂ ਨੋਜਵਾਨਾਂ ਲਈ ਸ਼ੁਰੂ ਕੀਤੀ ਗਈ ਆਨਲਾਇਨ ਕੈਰੀਅਰ ਕਾਊਂਸਲਿੰਗ -ਵਧੀਕ ਡਿਪਟੀ ਕਮਿਸ਼ਨਰ**

ਅੰਮ੍ਰਿਤਸਰ 27 ਅਪਰੈਲ:--ਪੰਜਾਬ ਸਰਕਾਰ ਦੀ ਘਰ ਘਰ ਰੋਜ਼ਗਾਰ ਸਕੀਮ ਅਧੀਨ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਵੱਲੋਂ ਬੇਰੋਜ਼ਗਾਰਾਂ ਨੌਜਵਾਨਾਂ ਲਈ ਆਨਲਾਈਨ ਕੈਰੀਅਰ ਕਾਊਸਲਿੰਗ ਦੀ ਸਹੂਲਤ ਸ਼ੁਰੂ ਕੀਤੀ ਗਈ ਹੈ ਤਾਂ ਜੋ ਉਹ ਕੋਰੋਨਾ ਵਾਇਰਸ ਮਹਾਮਾਰੀ ਦੇ ਖਤਮ ਹੋਣ ਬਾਅਦ ਹੋਣ ਵਾਲੀਆਂ ਪ੍ਰਤੀਯੋਗਤਾਂਵਾਂ ਦੀ ਪ੍ਰੀਖਿਆ ਨੂੰ ਪਾਸ ਕਰ ਸਕਣ ਅਤੇ ਆਪਣੇ ਕੈਰੀਅਰ ਸੰਬੰਧੀ ਸਹੀ ਦਿਸ਼ਾ ਪ੍ਰਾਪਤ ਕਰ ਸਕਣ।

ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀਮਤੀ ਪਲੱਵੀ ਚੌਧਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਮਾਰੀ ਤੋਂ ਨਿਜਾਤ ਪਾਉਣ ਲਈ ਪੰਜਾਬ ਸੂਬੇ ਵਿੱਚ ਲਗਾਏ ਗਏ ਕਰਫਿਊ ਦੇ ਮੱਦੇਨਜ਼ਰ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅੰਮ੍ਰਿਤਸਰ ਵੱਲੋਂ ਸੋਮਵਾਰ ਤੋਂ ਹੀ ਨੌਜਵਾਨਾਂ ਲਈ ਆਨਲਾਈਨ ਕਾਊਸਲਿੰਗ ਦਾ ਸੈਸ਼ਨ ਸ਼ੁਰੂ ਕੀਤਾ ਜਾ ਰਿਹਾ ਹੈ। ਉਨਾਂ ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅੰਮ੍ਰਿਤਸਰ ਦੇ ਕਾਊਂਸਲਰ ਦੁਆਰਾ ਆਨਲਇਨ ਕਾਊਂਸਲਿੰਗ ਦੌਰਾਨ ਵੱਖ ਵੱਖ ਪ੍ਰੀਖਿਆਵਾਂ ਪਾਸ ਕਰਨ ਸਬੰਧੀ ਜਾਣਕਾਰੀ ਦੇਣ ਤੋਂ ਇਲਾਵਾ ਰੋਜ਼ਗਾਰ ਪਾਉਣ ਦੇ ਮੌਕਿਆਂ, ਸਹੀ ਕੈਰੀਅਰ ਦੀ ਚੋਣ ਕਰਨ ਅਤੇ ਵਿਦੇਸ਼ਾਂ ਵਿੱਚ ਰੋਜ਼ਗਾਰ ਪ੍ਰਾਪਤ ਕਰਨ ਸਬੰਧੀ ਵੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ।

ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅੰਮ੍ਰਿਤਸਰ ਦੇ ਡਿਪਟੀ ਡਾਇਰੈਕਟਰ ਸ਼੍ਰੀ ਜਸਵੰਤ ਰਾਏ ਨੇ ਦੱਸਿਆ ਕਿ ਇਸ ਸਕੀਮ ਅਧੀਨ ਨੋਜਵਾਨਾਂ ਨੂੰ ਇੰਟਰਵਿਊ ਦੀ ਤਿਆਰੀ ਸਬੰਧੀ ਅਤੇ ਆਪਣੀ ਯੋਗਤਾ ਦਾ ਨਿਜੀ ਵਿਵਰਣ (ਸੀ. ਵੀ.) ਸਹੀ ਤਰੀਕੇ ਨਾਲ ਤਿਆਰ ਕਰਨ ਸਬੰਧੀ ਟਰੇਨਿੰਗ ਦਿੱਤੀ ਜਾਵੇਗੀ ਅਤੇ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਕਾਊਂਸਲਰ ਵੱਲੋਂ ਪੰਜਾਬ ਸਰਕਾਰ ਦੀਆਂ ਸਵੈ-ਰੋਜ਼ਗਾਰ ਦੀਆਂ ਸਕੀਮਾਂ ਦੀ ਜਾਣਕਾਰੀ ਵੀ ਨੋਜਵਾਨਾਂ ਨੂੰ ਦਿੱਤੀ ਜਾਵੇਗੀ।ਉਨਾਂ ਇਹ ਵੀ ਦੱਸਿਆ ਕਿ ਇਸ ਸਕੀਮ ਅਧੀਨ ਵੱਧ ਤੋਂ ਵੱਧ ਨੋਜਵਾਨਾਂ ਨੂੰ ਬਿਓਰੋ ਨਾਲ ਜੋੜਨ ਦਾ ਟੀਚਾ ਮਿੱਥਿਆ ਗਿਆ ਹੈ ਤਾਂ ਜੋ ਕੋਵਿਡ 19 ਮਹਾਂਮਾਰੀ ਦੇ ਸਮੇਂ ਦੌਰਾਨ ਵੀ ਨੋਜਵਾਨ ਦਾ ਵਿਸ਼ਵਾਸ ਅਤੇ ਉਤਸ਼ਾਹ ਬਣਾਈ ਰੱਖਿਆ ਜਾ ਸਕੇ। ਉਨਾਂ ਦੱਸਿਆ ਕਿ ਆਨਲਾਈਨ ਕਾਊਸਲਿੰਗ ਦੇ ਚਾਹਵਾਨ ਨੌਜਵਾਨ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅੰਮ੍ਰਿਤਸਰ ਦੇ ਕੈਰੀਅਰ ਕਾਊਂਸਲਰ ਸ਼ੀਮਤੀ ਭਾਰਤੀ ਸ਼ਰਮਾ ਨਾਲ ਮੋਬਾਇਲ ਨੰਬਰ 98775-67376 ਤੇ ਸੰਪਰਕ ਕਰ ਸਕਦੇ ਹਨ ਅਤੇ ਆਨਲਾਈਨ ਕਾਊਸਲਿੰਗ ਦੀਆਂ ਸੇਵਾਵਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਮੁਹੱਈਆ ਕੀਤੀਆਂ ਜਾਣਗੀਆਂ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

**ਤਖ਼ਤ ਸ੍ਰੀ ਹਜੂਰ ਸਾਹਿਬ ਤੋਂ ਸ਼ਰਧਾਲੂਆਂ ਦਾ ਦੂਜਾ ਜਥਾ ਤੜਕਸਾਰ ਅੰਮ੍ਰਿਤਸਰ ਪੁੱਜਾ**

**179 ਯਾਤਰੀ ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਸਦਕੇ ਪੁੱਜੇ ਆਪਣੇ ਘਰ**

**ਯਾਤਰੂਆਂ ਵਲੋ ਪੰਜਾਬ ਸਰਕਾਰ ਦਾ ਕੀਤਾ ਗਿਆ ਧੰਨਵਾਦ**

ਅੰਮ੍ਰਿਤਸਰ, 27 ਅਪ੍ਰੈਲ ( )-ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਪਹਿਲ ਨਾਲ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਮਹਾਰਾਸ਼ਟਰ ਦੀ ਸਰਕਾਰ ਦੀਆਂ ਸਾਂਝੀਆਂ ਕੋਸ਼ਿਸ਼ਾਂ ਸਦਕਾ ਤਖ਼ਤ ਸ੍ਰੀ ਹਜੂਰ ਸਾਹਿਬ ਨਾਂਦੇੜ ਵਿਖ ਫਸੇ ਯਾਤਰੀਆਂ ਦਾ ਦੂਜਾ ਜਥਾ ਅੱਜ ਤੜਕਸਾਰ 9 ਬੱਸਾਂ ਰਾਹੀਂ ਅੰਮ੍ਰਿਤਸਰ ਪੁੱਜਾ। ਇਹ ਜਾਣਕਾਰੀ ਦਿੰਦੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ ਨੇ ਦੱਸਿਆ ਕਿ ਇੰਨਾਂ ਬੱਸਾਂ ਵਿਚ 179 ਯਾਤਰੀ ਪਹੁੰਚੇ ਸਨ, ਜਿੰਨਾ ਦਾ ਛੇਹਰਟਾ ਡਿਸਪੈਂਸਰੀ ਵਿਚ ਡਾਕਟਰੀ ਮੁਆਇਨਾ ਕੀਤਾ ਗਿਆ। ਡਾਕਟਰੀ ਰਿਪੋਰਟ ਵਿਚ ਸਾਰੇ ਯਾਤਰੀ ਸਰੀਰਕ ਤੌਰ ਉਤੇ ਤੰਦਰੁਸਤ ਪਾਏ ਗਏ ਹਨ ਅਤੇ ਜਿਸ ਕਾਰਨ ਸਾਰੇ ਯਾਤਰੀਆਂ ਨੂੰ ਘਰ ਭੇਜ ਦਿੱਤਾ ਗਿਆ ਹੈ, ਪਰ ਅਗਲੇ 14 ਦਿਨ ਆਪਣੇ ਆਪ ਨੂੰ ਇਕਾਂਤਵਾਸ ਵਿਚ ਰਹਿਣ ਦੀ ਸਲਾਹ ਦਿੱਤੀ ਗਈ ਹੈ।

ਸ੍ਰੀ ਹੀਰਾ ਨੇ ਦੱਸਿਆ ਕਿ ਵਾਪਸੀ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ। ਇਸ ਮੌਕੇ ਸ਼ਰਧਾਲੂਆਂ ਨੇ ਵੀ ਦੱਸਿਆ ਕਿ 23 ਤਾਰੀਕ ਨੂੰ ਲਾਕ ਡਾਊਨ ਹੋਣ ਕਾਰਨ ਕੋਈ ਵੀ ਸਾਧਨ ਨਹੀਂ ਚੱਲ ਰਿਹਾ ਸੀ, ਸੋ ਉਹ ਉਥੇ ਫਸ ਗਏ। ਇਸ ਮਗਰੋਂ ਮੁੱਖ ਮੰਤਰੀ ਪੰਜਾਬ ਦੀਆਂ ਕੋਸ਼ਿਸ਼ਾਂ ਨਾਲ ਸਾਡੀ ਸੁਰੱਖਿਅਤ ਆਪਣੇ ਘਰ ਵਾਪਸੀ ਹੋਈ ਹੈ, ਜਿਸ ਲਈ ਅਸੀਂ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹਾਂ।

ਇਸ ਮੌਕੇ ਸਿਹਤ ਵਿਭਾਗ ਦੇ ਡਾ: ਵਿਨੋਦ ਕੁੰਡਲ, ਡਾ: ਮਨਜਿੰਦਰ ਕੌਰ, ਡਾ: ਨਿਸ਼ਾ ਸ਼ਾਹੀ ਅਤੇ ਅਮਨਦੀਪ ਸਿੰਘ ਵੀ ਹਾਜ਼ਰ ਸਨ।

ਕੈਪਸ਼ਨ:-- ਛੇਹਰਟਾ ਵਿਖੇ ਹਜੂਰ ਸਾਹਿਬ ਤੋਂ ਆਏ ਯਾਤਰੀਆਂ ਦਾ ਡਾਕਟਰੀ ਮੁਆਇਨਾ ਕਰਦੀ ਸਿਹਤ ਵਿਭਾਗ ਦੀ ਟੀਮ।

**ਸੋਨੀ ਵੱਲੋਂ ਚੈਰੀਟੇਬਲ ਸੁਸਾਇਟੀ ਨੂੰ ਇਕ ਲੱਖ ਰੁਪਏ ਦਾ ਚੈਕ ਭੇਟ**

ਅੰਮ੍ਰਿਤਸਰ, 27 ਅਪ੍ਰੈਲ ( )-ਡਾਕਟਰੀ ਸਿੱਖਿਅ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਅੱਜ ਆਪਣੇ ਹਲਕੇ ਅੰਮ੍ਰਿਤਸਰ ਕੇਂਦਰੀ ਦੀ ਵਾਰਡ ਨੰਬਰ 69 ਦੀ ਫਤਿਹ ਸਿੰਘ ਕਾਲੋਨੀ ਦੇ ਪੰਡਿਤ ਤੇਜ ਭਾਨ ਚੈਰੀਟੇਬਿਲ ਸੁਸਾਇਟੀ ਨੂੰ ਆਪਣੇ ਅਖਤਿਆਰੀ ਕੋਟੇ ਵਿਚੋਂ ਇਕ ਲੱਖ ਰੁਪਏ ਦਾ ਚੈਕ ਭੇਟ ਕੀਤਾ। ਉਨਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੀ ਸੇਵਾ ਕਰਨ ਵਾਲੀ ਹਰੇਕ ਸੰਸਥਾ ਦੇ ਨਾਲ ਹੈ ਅਤੇ ਇਸ ਲਈ ਗੁਰੂ ਘਰ ਸਭ ਤੋਂ ਵਧੀਆ ਭੂਮਿਕਾ ਅਦਾ ਕਰ ਸਕਦੇ ਹਨ। ਉਨਾਂ ਕਿਹਾ ਕਿ ਅੱਜ ਕੋਵਿਡ 19 ਸੰਕਟ ਦੌਰਾਨ ਵੀ ਜਿਲੇ ਦੀਆਂ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਲੋੜਵੰਦ ਲੋਕਾਂ ਲਈ ਅੱਗੇ ਹੋ ਕੇ ਕੰਮ ਕਰ ਰਹੀਆਂ ਹਨ। ਉਨਾਂ ਚੈਕ ਸੰਸਥਾ ਦੇ ਚੇਅਰਮਾਨ ਸ੍ਰੀ ਗੌਰੀ ਸ਼ੰਕਰ ਅਤੇ ਪ੍ਰਧਾਨ ਰਾਜੇਸ਼ ਸ਼ਰਮਾ ਨੂੰ ਸੌਂਪਿਆ। ਇਸ ਮੌਕੇ ਸ੍ਰੀ ਵਿਕਾਸ ਸੋਨੀ ਅਤੇ ਹੋਰ ਮੋਹਤਬਰ ਵੀ ਹਾਜ਼ਰ ਸਨ।